**ਬਿਲਾਵਲੁ ਮਹਲਾ ੫ ॥ ਦਾਸ ਤੇਰੇ ਕੀ ਬੇਨਤੀ ਰਿਦ ਕਰਿ ਪਰਗਾਸੁ ॥ ਤੁਮ੍ਹ੍ਹਰੀ ਕ੍ਰਿਪਾ ਤੇ ਪਾਰਬ੍ਰਹਮ ਦੋਖਨ ਕੋ ਨਾਸੁ ॥੧॥ ਚਰਨ ਕਮਲ ਕਾ ਆਸਰਾ ਪ੍ਰਭ ਪੁਰਖ ਗੁਣਤਾਸੁ ॥ ਕੀਰਤਨ ਨਾਮੁ ਸਿਮਰਤ ਰਹਉ ਜਬ ਲਗੁ ਘਟਿ ਸਾਸੁ ॥੧॥ ਰਹਾਉ ॥ ਮਾਤ ਪਿਤਾ ਬੰਧਪ ਤੂਹੈ ਤੂ ਸਰਬ ਨਿਵਾਸੁ ॥ ਨਾਨਕ ਪ੍ਰਭ ਸਰਣਾਗਤੀ ਜਾ ਕੋ ਨਿਰਮਲ ਜਾਸੁ ॥੨॥੭॥੭੧॥** {ਪੰਨਾ 818}

ਪਦਅਰਥ:- ਰਿਦ—ਰਿਦੈ, ਹਿਰਦੇ ਵਿਚ। ਪਰਗਾਸੁ—(ਆਤਮਕ ਜੀਵਨ ਦਾ) ਚਾਨਣ। ਤੇ—ਤੋਂ, ਨਾਲ। ਪਾਰਬ੍ਰਹਮ—ਹੇ ਪਰਮਾਤਮਾ। ਦੋਖ—ਐਬ, ਵਿਕਾਰ। ਦੋਖਨ ਕੋ—ਵਿਚਾਰਾਂ ਦਾ।1।

ਪ੍ਰਭ—ਹੇ ਪ੍ਰਭੂ! ਪੁਰਖ—ਹੇ ਸਰਬ-ਵਿਆਪਕ! ਗੁਣਤਾਸੁ—ਗੁਣਾਂ ਦਾ ਭਾਂਡਾ। ਰਹਉ—ਰਹਉਂ। ਸਿਮਰਤ ਰਹਉ—ਮੈਂ ਸਿਮਰਦਾ ਰਹਾਂ। ਘਟਿ—(ਮੇਰੇ) ਸਰੀਰ ਵਿਚ। ਸਾਸੁ—ਸਾਹ।1। ਰਹਾਉ।

ਮਾਤ—ਮਾਂ। ਬੰਧਪ—ਰਿਸ਼ਤੇਦਾਰ। ਸਰਬ—ਸਾਰੇ ਜੀਵਾਂ ਵਿਚ। ਜਾ ਕੋ—ਜਿਸ (ਪ੍ਰਭੂ) ਦਾ। ਜਾਸੁ—ਜਸੁ, ਸਿਫ਼ਤਿ-ਸਾਲਾਹ। ਨਿਰਮਲ—ਪਵਿੱਤਰ।2।

ਅਰਥ:- ਹੇ ਸਰਬ-ਵਿਆਪਕ ਪ੍ਰਭੂ! ਤੂੰ (ਹੀ) ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ। ਮੈਨੂੰ (ਤੇਰੇ) ਹੀ ਸੋਹਣੇ ਚਰਣਾਂ ਦਾ ਆਸਰਾ ਹੈ। (ਮੇਰੇ ਉਤੇ ਮੇਹਰ ਕਰ) ਜਦ ਤਕ (ਮੇਰੇ) ਸਰੀਰ ਵਿਚ ਸਾਹ (ਚੱਲ ਰਿਹਾ ਹੈ), ਮੈਂ ਤੇਰਾ ਨਾਮ ਸਿਮਰਦਾ ਰਹਾਂ, ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ।1। ਰਹਾਉ।

ਹੇ ਪਾਰਬ੍ਰਹਮ! (ਮੈਂ ਤੇਰਾ ਦਾਸ ਹਾਂ) ਤੇਰੇ ਦਾਸ ਦੀ (ਤੇਰੇ ਦਰ ਤੇ) ਅਰਜ਼ੋਈ ਹੈ ਕਿ ਮੇਰੇ ਹਿਰਦੇ ਵਿਚ (ਆਤਮਕ ਜੀਵਨ ਦਾ) ਚਾਨਣ ਕਰ (ਤਾਂ ਕਿ) ਤੇਰੀ ਕਿਰਪਾ ਨਾਲ (ਮੇਰੇ ਅੰਦਰੋਂ) ਵਿਕਾਰਾਂ ਦਾ ਨਾਸ ਹੋ ਜਾਏ।1।

ਹੇ ਪ੍ਰਭੂ! ਤੂੰ ਹੀ ਮੇਰੀ ਮਾਂ ਹੈਂ, ਤੂੰ ਹੀ ਮੇਰਾ ਪਿਉ ਹੈਂ, ਤੂੰ ਹੀ ਮੇਰਾ ਸਾਕ-ਸੈਣ ਹੈਂ, ਤੂੰ ਸਾਰੇ ਹੀ ਜੀਵਾਂ ਵਿਚ ਵੱਸਦਾ ਹੈਂ। ਹੇ ਨਾਨਕ! ਜਿਸ ਪ੍ਰਭੂ ਦੀ ਸਿਫ਼ਤਿ-ਸਾਲਾਹ (ਜੀਵਨ) ਪਵਿੱਤਰ ਕਰ ਦੇਂਦੀ ਹੈ, ਉਸ ਦੀ ਸਰਨ ਪਏ ਰਹਿਣਾ ਚਾਹੀਦਾ ਹੈ।2।7। 71।